**ਪੰਜਾਬ ਸਕੂਲ ਸਿੱਖਿਆ ਬੋਰਡ**

**ਪ੍ਰੈਸ ਨੋਟ**

ਪੰਜਾਬ ਰਾਜ ਦੇ ਪੰਜਾਬ ਸਕੂਲ ਸਿੱਖਿਆ ਬੋਰਡ ਨਾਲ ਸਬੰਧਤ ਸਮੂਹ ਸਕੂਲ ਮੁਖੀਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਸੈਸ਼ਨ 2024-25 ਲਈ ਰਜਿਸਟ੍ਰੇਸ਼ਨ/ਕੰਟੀਨਿਊਸ਼ਨ ਕਰਨ ਲਈ ਆਨ-ਲਾਈਨ ਪੋਰਟਲ/ਐਪਲੀਕੇਸ਼ਨ ਨੌਵੀਂ ਅਤੇ ਗਿਆਰ੍ਹਵੀਂ ਸ਼੍ਰੇਣੀਆਂ ਦੇ ਵਿਦਿਆਰਥੀਆਂ ਲਈ 26 ਜੂਨ 2024 ਤੋਂ , ਅਤੇ ਦਸਵੀਂ ਅਤੇ ਬਾਰ੍ਹਵੀਂ ਸ਼੍ਰੇਣੀਆਂ ਦੇ ਵਿਦਿਆਰਥੀਆਂ ਲਈ 4 ਜੁਲਾਈ 2024 ਤੋਂ ਚਾਲੂ ਕੀਤੀ ਗਈ ਸੀ।

ਬੋਰਡ ਵੱਲੋਂ ਅਕਾਦਮਿਕ ਸਾਲ 2024-25 ਲਈ ਪੰਜਵੀਂ, ਅੱਠਵੀਂ ਅਤੇ ਨੌਵੀਂ ਤੋਂ ਬਾਰ੍ਹਵੀਂ ਸ਼੍ਰੇਣੀਆਂ ਦੇ ਵਿਦਿਆਰਥੀਆਂ ਦੇ ਦਾਖਲਿਆਂ ਵਿੱਚ ਮਿਤੀ 31 ਜੁਲਾਈ 2024 ਤੋਂ ਵਾਧਾ ਕਰਦੇ ਹੋਏ ਮਿਤੀ 31 ਅਗਸਤ 2024 ਨਿਰਧਾਰਿਤ ਕੀਤੀ ਜਾ ਚੁੱਕੀ ਹੈ। ਇਸੇ ਦੇ ਮੱਦੇਨਜ਼ਰ ਦਾਖਲਿਆਂ ਦੀ ਮਿਤੀ ਵਿੱਚ ਵਾਧਾ ਹੋਣ ਕਾਰਨ ਸੈਸ਼ਨ 2024-25 ਲਈ ਨੌਵੀ ਤੋਂ ਬਾਰ੍ਹਵੀਂ ਸ਼੍ਰੇਣੀਆਂ ਦੀ ਰਜਿਸਟ੍ਰੇਸ਼ਨ/ਕੰਟੀਨਿਊਸ਼ਨ ਕਰਨ ਲਈ ਆਨ-ਲਾਈਨ ਪੋਰਟਲ/ਐਪਲੀਕੇਸ਼ਨ ਵਿੱਚ ਵਿਦਿਆਰਥੀਆਂ ਦੀ ਐਂਟਰੀ ਕਰਨ ਲਈ ਵੀ ਰਿਵਾਈਜ਼ਲਡ ਸ਼ਡਿਊਲ ਨਿਰਧਾਰਿਤ ਕੀਤਾ ਗਿਆ ਹੈ।

ਇਸ ਰਿਵਾਈਜ਼ਡ ਸ਼ਡਿਊਲ ਅਨੁਸਾਰ ਨੌਵੀਂ ਤੋਂ ਬਾਰ੍ਹਵੀਂ ਸ਼੍ਰੇਣੀਆਂ ਦੇ ਵਿਦਿਆਰਥੀਆਂ ਲਈ ਮਿਤੀ 16 ਸਤੰਬਰ 2024 ਤੱਕ ਬਿਨ੍ਹਾਂ ਲੇਟ ਫੀਸ , 17 ਸਤੰਬਰ 2024 ਤੋਂ 26 ਸਤੰਬਰ 2024 ਤੱਕ 500/-ਰੁ: ਪ੍ਰਤੀ ਵਿਦਿਆਰਥੀ ਲੇਟ ਫੀਸ ਨਾਲ ਅਤੇ 27 ਸਤੰਬਰ 2024 ਤੋਂ 09 ਅਕਤੂਬਰ 2024 ਤੱਕ 1500/-ਰੁ: ਪ੍ਰਤੀ ਵਿਦਿਆਰਥੀ ਲੇਟ ਫੀਸ ਨਾਲ ਰਿਵਾਈਜ਼ਡ ਸ਼ਡਿਊਲ ਨਿਰਧਾਰਿਤ ਕੀਤਾ ਗਿਆ ਹੈ।

ਇਸਦੇ ਸਬੰਧ ਵਿੱਚ ਦੱਸਿਆ ਜਾਂਦਾ ਹੈ ਕਿ ਰਜਿਸਟ੍ਰੇਸ਼ਨ/ਕੰਟੀਨਿਊਸ਼ਨ ਕਰਨ ਲਈ ਬੋਰਡ ਵੱਲੋਂ ਨਿਰਧਾਰਿਤ/ਜਾਰੀ ਕੀਤੇ ਗਏ ਸ਼ਡਿਊਲ (ਸਮਾਂ ਸਾਰਣੀ) ਵਿੱਚ ਹੀ ਬਣਦੀ ਫੀਸ ਅਤੇ ਜੁਰਮਾਨਾ ਫੀਸ ਰਾਹੀਂ ਇਹ ਕੰਮ ਮੁਕੰਮਲ ਕਰਵਾਇਆ ਜਾਣਾ ਅਤਿ ਜ਼ਰੂਰੀ ਹੈ ਕਿਉਂਕਿ ਨਿਰਧਾਰਿਤ ਸ਼ਡਿਊਲ ਅਧੀਨ ਦਿੱਤੇ ਗਏ ਸਮੇਂ ਤੋਂ ਬਾਅਦ ਹੋਰ ਸਮੇਂ ਵਿੱਚ ਵਾਧਾ ਨਹੀ ਕੀਤਾ ਜਾਵੇਗਾ ਅਤੇ ਬਿਨ੍ਹਾਂ ਲੇਟ ਫੀਸ ਸਮਾਂ ਲੰਘਣ ਉਪਰੰਤ ਜੇਕਰ ਕਿਸੇ ਸਕੂਲ ਮੁਖੀ ਵੱਲੋਂ ਜੁਰਮਾਨਾ ਮੁਆਫੀ ਲਈ ਪ੍ਰਤੀ-ਬੇਨਤੀ ਕੀਤੀ ਜਾਂਦੀ ਹੈ ਤਾਂ ਉਹ ਕਿਸੇ ਵੀ ਹਾਲਾਤ/ਕਾਰਨ ਦੇ ਜੁਰਮਾਨਾ ਮੁਆਫੀ ਲਈ ਸਵੀਕਾਰਨ ਯੋਗ ਨਹੀ ਹੋਵੇਗੀ।

ਉਕਤ ਦੇ ਮੱਦੇ ਨਜ਼ਰ ਸਕੂਲ ਮੁੱਖੀਆਂ ਨੂੰ ਅਗਾਉ ਤੌਰ ਤੇ ਇਹ ਵੀ ਸੂਚਿਤ ਕੀਤਾ ਜਾਂਦਾ ਹੈ ਕਿ ਸੈਸ਼ਨ 2024-25 ਲਈ ਆਨ-ਲਾਈਨ ਰਜਿਸਟ੍ਰੇਸ਼ਨ/ਕੰਟੀਨਿਊਸ਼ਨ ਦਾ ਕਾਰਜ਼ ਮੁਕੰਮਲ ਕਰਨ ਲਈ ਉਚਿੱਤ ਸਮਾਂ ਦਿੱਤਾ ਜਾ ਰਿਹਾ ਹੈ । ਇਸ ਦੇ ਬਾਵਜੂਦ ਵੀ ਜੇਕਰ ਕਿਸੇ ਸੰਸਥਾ/ਸਕੂਲ ਨੂੰ ਅਜਿਹੀ ਅਣਗਹਿਲੀ ਲਈ ਜਿੰਮੇਵਾਰ ਪਾਇਆ ਜਾਂਦਾ ਹੈ ਤਾਂ ਨਿਰਧਾਰਿਤ ਸ਼ਡਿਊਲ ਤੋਂ ਬਾਅਦ ਰਜਿਸਟ੍ਰੇਸ਼ਨ/ਕੰਟੀਨਿਊਸ਼ਨ ਕਰਨ ਦਾ ਕੋਈ ਹੋਰ ਮੌਕਾ ਨਹੀ ਦਿੱਤਾ ਜਾਵੇਗਾ ਅਤੇ ਬੋਰਡ ਨਾਲ ਸਬੰਧਤ ਐਫੀਲਿਏਟਿਡ/ਐਸੋਸੀਏਟਿਡ ਸੰਸਥਾਵਾ ਵਿਰੁੱਧ ਐਫੀਲਿਏਸ਼ਨ ਵਿਨਿਯਮਾਂ ਅਧੀਨ ਵਿਧੀ ਅਨੁਸਾਰ ਕਾਰਵਾਈ ਕੀਤੀ ਜਾਵੇਗੀ । ਇਸੇ ਤਰ੍ਹਾਂ ਸਰਕਾਰੀ/ਏਡਿਡ ਸਕੂਲਾਂ ਦੇ ਕੇਸ ਵਿੱਚ ਸਬੰਧਤ ਸਕੂਲਾਂ ਦੇ ਪ੍ਰਿੰਸੀਪਲ/ਮੁੱਖ ਅਧਿਆਪਕ ਵਿਰੁੱਧ ਵਿਨਿਯਮਾਂ ਅਨੁਸਾਰ ਕਾਰਵਾਈ ਕਰਨ ਲਈ ਡਾਇਰੈਕਟਰ (ਐਲੀਮੈਂਟਰੀ/ ਸੈਕੰਡਰੀ ), ਸਿੱਖਿਆ ਵਿਭਾਗ, ਪੰਜਾਬ ਸਰਕਾਰ ਨੂੰ ਲਿਖਿਆ ਜਾਵੇਗਾ।

21.8.24

ਉਪ-ਸਕੱਤਰ

(ਪੰਜਾਬੀ ਵਿਕਾਸ ਅਤੇ ਅਕਾਦਮਿਕ)